# ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਭਰਤਗੜ੍ਹ ਵਿਖੇ ਪੁਲਸ ਨੇ ਕੱਢਿਆ ਫਲੈਗ ਮਾਰਚ

ਸ੍ਰੀ ਕੀਰਤਪੁਰ ਸਾਹਿਬ, 14 ਫਰਵਰੀ (ਬਾਲੀ)- ਵਿਧਾਨ ਸਭਾ ਚੋਣਾਂ ਦੇ ਮੱਦੇ-ਜ਼ਰ ਥਾਣਾ ਸ੍ਰੀ ਕੀਰਤਪੁਰ ਸਾਹਿਬ ਅਤੇ ਭਰਤਗੜ੍ਹ ਪੁਲਸ ਵੱਲੋਂ ਬੀ. ਐੱਸ. ਐੱਫ. ਦੇ ਸਹਿਯੋਗ ਨਾਲ ਇਲਾਕੇ ਵਿਚ ਅਮਨ ਸ਼ਾਂਤੀ ਬਣਾਈ ਰੱਖਣ ਲਈ ਅਤੇ ਸ਼ਰਾਰਤੀ ਅਨਸਰਾਂ ਨੂੰ ਚਿਤਾਵਨੀ ਦੇਣ ਲਈ ਅੱਜ ਭਰਤਗੜ੍ਹ ਵਿਖੇ ਫਲੈਗ ਮਾਰਚ ਕੀਤਾ ਗਿਆ। ਇਸ ਮੌਕੇ ਪੁਲਸ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਐੱਸ.ਐੱਚ.ਓ ਸੁਮਿਤ ਮੋਰ ਨੇ ਕਿਹਾ ਕਿ ਇਸ ਫਲੈਗ ਮਾਰਚ ਕੱਢਣ ਦਾ ਇਕੋ ਇਕ ਮਕਸਦ ਹੈ ਕਿ ਵਿਧਾਨ ਸਭਾ ਚੋਣਾਂ ਨੂੰ ਅਮਨ ਅਮਾਨ ਨਾਲ ਨੇਪਰੇ ਚਾੜਨਾ, ਲੋਕਾਂ ਨੂੰ ਸੰਦੇਸ਼ ਦੇਣਾ ਕਿ ਪੁਲਸ ਉਨ੍ਹਾਂ ਦੀ ਸੁਰਖਿਆ ਲਈ 24 ਘੰਟੇ ਤਿਆਰ ਖੜ੍ਹੀ ਹੈ ਤਾਂ ਜੋ ਉਹ ਬਿਨਾਂ ਡਰ ਭੈਅ ਤੋਂ ਆਪਣਾ ਵੋਟ ਪਾ ਸਕਣ। ਇਸ ਤੋਂ ਇਲਾਵਾ ਸ਼ਰਾਰਤੀ ਅਨਸਰਾਂ ਨੂੰ ਚਿਤਾਵਨੀ ਵੀ ਹੈ ਕਿ ਜੇਕਰ ਉਨ੍ਹਾਂ ਨੇ ਚੋਣਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਗੜਬੜੀ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ। । ਇਸ ਮੌਕੇ ਸਬ ਇੰਸਪੈਕਟਰ ਇੰਦਰਜੀਤ ਸਿੰਘ ਇੰਚਾਰਜ ਪੁਲਸ ਚੌਕੀ ਭਰਤਗੜ੍ਹ, ਸਬ ਇੰਸਪੈਕਟਰ ਹਰਵਿੰਦਰਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਬੀ. ਐੱਸ. ਐੱਫ. ਅਤੇ ਪੁਲਸ ਮੁਲਾਜ਼ਮ ਹਾਜ਼ਰ ਸਨ।



*ਭਰਤਗੜ੍ਹ ਵਿਖੇ ਪੁਲਸ ਵੱਲੋਂ ਕੱਢੇ ਗਏ ਫਲੈਗ ਮਾਰਚ ਦਾ ਦ੍ਰਿਸ਼ (ਬਾਲੀ)*

ਜਗ ਬਾਣੀ
ਈ-ਪੇਪਰ
Tue,15 February 2022
Edition: roopnagar bani, Page no. 2